# ਪ੍ਰੈਸ ਨੋਟ

ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ 1 ਕਿਲੋ ਅਫੀਮ ਸਮੇਤ 1 ਵਿਅਕਤੀ ਨੂੰ ਕੀਤਾ ਗ੍ਰਿਫਤਾਰ।

ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲਾ ਅੰਦਰ ਨਸ਼ਿਆਂ ਖਿਲਾਫ ਵਿੱਡੀ ਮੁਹਿੰਮ ਤਹਿਤ ਜਿੱਥੇ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਉੱਥੇ ਹੀ ਨਸ਼ਾ ਤਸਕਰਾਂ ਨੂੰ ਫੜ ਕੇ ਉਹਨਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਸ. ਮਨਮੀਤ ਸਿੰਘ ਢਿੱਲੋ ਐਸ.ਪੀ (ਡੀ) ਅਤੇ ਜਸਪਾਲ ਸਿੰਘ ਡੀ.ਐਸ.ਪੀ(ਡੀ) ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ ਸ੍ਰੀ ਮੁਕਤਸਰ ਸਾਹਿਬ ਅਤੇ ਪੁਲਿਸ ਪਾਰਟੀ ਵੱਲੋਂ ਕਾਰਵਾਈ ਕਰਦੇ ਹੋਏ 1 ਵਿਅਕਤੀ ਨੂੰ 1 ਕਿਲੋ ਅਫੀਮ ਸਮੇਤ ਕਾਬੂ ਕੀਤਾ ਗਿਆ ਹੈ।

ਜਾਣਕਾਰੀ ਅਨੁਸਾਰ ਸੀ.ਆਈ.ਏ ਪੁਲਿਸ ਪਾਰਟੀ ਬ੍ਰਾਏ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਲਾਹੌਰੀਆਂ ਦੇ ਢਾਬੇ ਸ੍ਰੀ ਮੁਕਤਸਰ ਸਾਹਿਬ ਮੌਜੂਦ ਸੀ ਤਾਂ ਸਾਹਮਣੇ ਇੱਕ ਵਿਅਕਤੀ ਖੜਾ ਦਿਖਾਈ ਦਿੱਤਾ । ਜਿਸ ਨੂੰ ਸ਼ੱਕ ਦੀ ਬਿਨਾਂ ਪਰ ਉਸ ਵਿਅਕਤੀ ਦਾ ਨਾਮ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਮੀਠਾ ਲਾਲ ਗੁਰਜਰ ਪੁੱਤਰ ਸੀਤਾ ਲਾਲ ਗੁਰਜਰ ਵਾਸੀ ਗੁਰਜਰ ਮੁਹੱਲਾ ਪਿੰਡ ਬੈਰਨਾਂ ਪੋਸਟ ਆਫਿਸ ਅਲਾਪੁਰ ਜਿਲਾ ਸਵਾਈ ਮਾਧੋਪੁਰ (ਰਾਜਸਥਾਨ) ਦੱਸਿਆ। ਪੁਲਿਸ ਵੱਲੋਂ ਸ਼ੱਕ ਦੇ ਅਧਾਰ ਤੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਪਾਸੋਂ 1 ਕਿੱਲੋ ਅਫੀਮ ਬ੍ਰਾਮਦ ਹੋਈ। ਜਿਸ ਤੇ ਉਕਤ ਦੋਸ਼ੀ ਤੇ ਸਿਟੀ ਸ੍ਰੀ ਮੁਕਤਸਰ ਸਾਹਿਬ ਪੁਲਿਸ ਵਲੋਂ ਮੁੱਕਦਮਾ ਨੰ 67 ਮਿਤੀ 17.04.2024 ਅ/ਧ 18C/61/85 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।